# ਦਫ਼ਤਰ ਨਗਰ ਨਿਗਮ ਹੁਸ਼ਿਆਰਪੁਰ
# ਪ੍ਰੈਸ ਨੋਟ

## ਤਿਕਸ਼ਨ ਸੂਦ ਨੇ ਉੱਧਮ ਸਿੰਘ ਪਾਰਕ ਵਿਖੇ 20 ਲੱਖ ਰੁਪਏ ਦੀ ਲਾਗਤ ਨਾਲ ਲਗਣ ਵਾਲੇ ਟਿਊਬਵੈਲ ਦੇ ਕੰਮ ਦੀ ਕੀਤੀ ਸ਼ੁਰੂਆਤ

## ਨਗਰ ਨਿਗਮ ਵਲੋਂ ਮਨਜ਼ੂਰ ਕੀਤੇ 22 ਟਿਊਬਵੈਲ ਲਗਾਉਣ ਦੇ ਕੰਮ ਦੀ ਸ਼ੁਰੂਆਤ

ਹੁਸ਼ਿਆਰਪੁਰ 20 ਜੂਨ ਨਗਰ ਨਿਗਮ ਵਲੋ ਮਨਜੂਰ ਕੀਤੇ ਗਏ 22 ਪੀਣ ਵਾਲੇ ਪਾਣੀ ਦੇ ਟਿਊਬਵੈਲਾਂ ਨੂੰ ਲਗਾਉਣ ਦਾ ਕੰਮ ਸ਼ੁਰੂ ਕਰ ਦਿੱਤਾ ਗਿਆ ਹੈ। ਇਨਾਂ ਦੇ ਲਗਣ ਨਾਲ ਆਉਣ ਵਾਲੇ 10 ਸਾਲਾਂ ਵਿੱਚ ਸ਼ਹਿਰ ਵਾਸੀਆਂ ਨੂੰ ਪੀਣ ਵਾਲੇ ਪਾਣੀ ਦੀ ਕੋਈ ਕਮੀ ਨਹੀ ਰਹੇਗੀ। ਇਹ ਜਾਣਕਾਰੀ ਮੁੱਖ ਮੰਤਰੀ ਪੰਜਾਬ ਦੇ ਰਾਜਨੀਤਿਕ ਸਲਾਹਕਾਰ ਤਿਕਸ਼ਨ ਸੂਦ ਨੇ ਅੱਜ ਵਾਰਡ ਨੰ: 43 ਦੇ ਉੱਧਮ ਸਿੰਘ ਪਾਰਕ ਵਿੱਚ 20 ਲੱਖ ਰੁਪਏ ਦੀ ਲਾਗਤ ਨਾਲ ਨਵੇਂ ਟਿਊਬਵੈਲ ਦਾ ਬੋਰ ਕਰਨ ਦੇ ਕੰਮ ਦੀ ਸ਼ੁਰੂਆਤ ਕਰਨ ਉਪਰੰਤ ਦਿੰਦਿਆ ਦੱਸਿਆ ਕਿ ਇਸ ਵਾਰਡ ਦਾ ਇਕ ਟਿਊਬਵੈਲ ਕਾਫੀ ਪੁਰਾਣਾ ਹੋਣ ਕਰਕੇ ਪਾਣੀ ਦੀ ਠੀਕ ਸਪਲਾਈ ਨਹੀ ਦੇ ਰਿਹਾ ਸੀ ਜਿਸ ਦੀ ਜਗ੍ਹਾ ਤੇ ਇਹ ਟਿਊਬਵੈਲ ਲਗਾਇਆ ਜਾ ਰਿਹਾ ਹੈ। ਉਨਾਂ ਦੱਸਿਆ ਕਿ ਸ਼ਹਿਰ ਦੇ ਵੱਖ-ਵੱਖ ਵਾਰਡਾਂ ਵਿੱਚ ਜਲਦੀ ਹੀ ਲੋਕਾਂ ਦੀ ਮੰਗ ਅਨੁਸਾਰ ਨਵੇਂ ਟਿਊਬਵੈਲ ਲਗਾਏ ਜਾ ਰਹੇ ਹਨ।

ਨਗਰ ਨਿਗਮ ਦੇ ਮੇਅਰ ਸ਼ਿਵ ਸੂਦ, ਸੀਨੀਅਰ ਡਿਪਟੀ ਮੇਅਰ ਪ੍ਰੇਮ ਸਿੰਘ ਪਿੰਪਲਾਵਾਲਾਂ , ਡਿਪਟੀ ਮੇਅਰ ਸ਼ੁਕਲਾ ਸ਼ਰਮਾ, ਜਿਲ੍ਹਾ ਪ੍ਰਧਾਨ ਭਾਜਪਾ ਡਾ. ਰਮਨ ਘਈ, ਨਗਰ ਨਿਗਮ ਦੇ ਕਾਰਜ ਸਾਧਕ ਅਫਸਰ ਰਮੇਸ਼ ਕੁਮਾਰ, ਐਸ.ਡੀ.ਓ ਕੁਲਦੀਪ ਸਿੰਘ, ਇੰਸਪੈਕਟਰ ਰਵਿੰਦਰ ਠਾਕੁਰ, ਜੇ.ਈ (ਮਕੈਨੀਕਲ) ਅਸ਼ਵਨੀ ਸ਼ਰਮਾ,ਸੈਂਨਟਰੀ ਇੰਸਪੈਕਟਰ ਸੰਜੀਵ ਕੁਮਾਰ, ਉਪ ਚੇਅਰਮੈਨ ਮਾਰਕੀਟ ਕਮੇਟੀ ਵਿਜੇ ਪਠਾਨੀਆਂ, ਸ਼ਹਿਰੀ ਮੰਡਲ ਪ੍ਰਧਾਨ ਵਿਨੋਦ ਪਰਮਾਰ, ਸੁਰੇਸ਼ ਕਮੁਾਰ ਭਾਟੀਆ ਬਿੱਟੂ, ਨਿਤਿਨ ਗੁਪਤਾ ਨੰਨੂ, ਆਨੰਦਵੀਰ ਸਿੰਘ, ਸਾਬਕਾ ਕੌਂਸਲਰ ਲਾਲਾ ਅਮਰਨਾਥ, ਵਾਰਡ ਨੰ: 43 ਦੇ ਕੌਂਸਲਰ ਮਨਿੰਦਰ ਕੌਰ, ਕੌਂਸਲਰ ਅਸ਼ੋਕ ਕੁਮਾਰ, ਰਮੇਸ਼ ਠਾਕੁਰ, ਕ੍ਰਿਸ਼ਨ ਅਰੋੜਾ, ਕਸ਼ਮੀਰ ਸਿੰਘ, ਰਕੇਸ਼ ਸੂਰੀ, ਲਖਵੀਰ ਸਿੰਘ, ਰਾਮਦੇਵ ਯਾਦਵ, ਅਤੇ ਮੁਹੱਲਾ ਨਿਵਾਸੀ ਇਸ ਮੌਕੇ ਤੇ ਹਾਜਰ ਸਨ।